# ਆਕਾਸ਼ਵਾਣੀ ਜਲੰਧਰ

# ਰਾਸ਼ਟਰੀ ਖਬਰਾਂ ਪੰਜਾਬੀ

# 08:30

**ਮਿਤੀ :19-09-2026**

***ਪਹਿਲਾ ਬੁਲੇਟਿਨ ਦੀਆਂ ਖਾਸ ਖਬਰਾਂ***

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ 20ਵੇਂ 'ਰੋਜ਼ਗਾਰ ਮੇਲੇ' 'ਚ ਵੀਡੀਓ ਕਾਨਫਰੰਸਿੰਗ ਰਾਹੀਂ 51,000 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪਣਗੇ।

- ਸ਼੍ਰੀ ਮੋਦੀ ਅੱਜ ਨਵੀਂ ਦਿੱਲੀ ਵਿੱਚ "ਵਾਤਾਵਰਣ ਅਤੇ ਜਲਵਾਯੂ ਗਤੀਸ਼ੀਲਤਾ ਦਾ ਭਵਿੱਖ" ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਸੰਮੇਲਨ ਦਾ ਉਦਘਾਟਨ ਕਰਨਗੇ।

- ਭਾਰਤ ਅਤੇ ਕੈਨੇਡਾ ਨੇ 'ਵਿਆਪਕ ਆਰਥਿਕ ਭਾਈਵਾਲੀ ਸਮਝੌਤੇ' ਨੂੰ ਛੇਤੀ ਤੋਂ ਛੇਤੀ ਅੰਤਿਮ ਰੂਪ ਦੇਣ ਲਈ ਆਪਣੀ ਵਚਨਬੱਧਤਾ ਦੋਹਰਾਈ ਏ |

- ਸਵੀਡਿਸ਼ ਚੈਂਬਰ ਆਫ BUSINESS ਦੇ SURVEY ਵਿੱਚ ਭਾਰਤ ਨੂੰ 40 ਤੋਂ ਵੱਧ ਵਿਸ਼ਵ ਬਾਜ਼ਾਰਾਂ ਵਿੱਚ ਕਾਰੋਬਾਰ ਕਰਨ ਦੀ ਆਸਾਨੀ ਲਈ ਪਹਿਲਾ ਸਥਾਨ ਮਿਲਿਆ ਏ |

- 20ਵੀਂ ਏਸ਼ੀਆਈ ਖੇਡਾਂ ਅੱਜ ਤੋਂ ਜਪਾਨ ਦੇ ਆਈਚੀ-ਨਾਗੋਯਾ ਵਿੱਚ ਸ਼ੁਰੂ ਹੋ ਰਹੀਆਂ ਨੇ |

## *ਹੁਣ ਖਬਰਾਂ ਵਿਸਥਾਰ ਨਾਲ*

ਪ੍ਰਧਾਨ ਮੰਤਰੀ ਨਰਿੰਦਰ ਮੋਦੀ ਅੱਜ 20ਵੇਂ 'ਰੋਜ਼ਗਾਰ ਮੇਲੇ' ਦੌਰਾਨ ਵੀਡੀਓ ਕਾਨਫਰੰਸਿੰਗ ਰਾਹੀਂ ਵੱਖ-ਵੱਖ ਸਰਕਾਰੀ ਅਦਾਰਿਆਂ ਲਈ ਚੁਣੇ ਗਏ 51,000 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪਣਗੇ। ਇਸ ਮੌਕੇ ਪ੍ਰਧਾਨ ਮੰਤਰੀ ਨਵੇਂ ਨਿਯੁਕਤ ਉਮੀਦਵਾਰਾਂ ਨੂੰ ਸੰਬੋਧਨ ਵੀ ਕਰਨਗੇ। 20ਵਾਂ ਰੋਜ਼ਗਾਰ ਮੇਲਾ ਦੇਸ਼ ਭਰ ਦੇ 45 ਸਥਾਨਾਂ 'ਤੇ ਆਯੋਜਿਤ ਕੀਤਾ ਜਾਵੇਗਾ। ਨਵੇਂ ਭਰਤੀ ਹੋਏ ਉਮੀਦਵਾਰ ਭਾਰਤ ਸਰਕਾਰ ਦੇ ਵੱਖ-ਵੱਖ ਮੰਤਰਾਲਿਆਂ ਅਤੇ ਵਿਭਾਗਾਂ ਵਿੱਚ ਸ਼ਾਮਲ ਹੋਣਗੇ, ਜਿਨ੍ਹਾਂ ਵਿੱਚ ਵਿੱਤ, ਰੇਲਵੇ, ਗ੍ਰਹਿ , ਸਿਹਤ ਅਤੇ ਪਰਿਵਾਰ ਭਲਾਈ, ਅਤੇ ਰੱਖਿਆ ਮੰਤਰਾਲੇ ਆਦਿ ਸ਼ਾਮਲ ਨੇ । 20ਵੇਂ ਰੋਜ਼ਗਾਰ ਮੇਲੇ ਦੇ ਸਮੇਤ , ਕੁੱਲ ਮਿਲਾ ਕੇ ਲਗਭਗ 12 ਲੱਖ 75 ਹਜ਼ਾਰ ਨੌਜਵਾਨਾਂ ਨੂੰ ਨਿਯੁਕਤੀ ਪੱਤਰ ਪ੍ਰਾਪਤ ਹੋ ਚੁੱਕੇ ਹੋਣਗੇ। ਇਹ ਰੋਜ਼ਗਾਰ ਮੇਲਾ ਨੌਜਵਾਨਾਂ ਲਈ ਰੋਜ਼ਗਾਰ ਦੇ ਮੌਕੇ ਪੈਦਾ ਕਰਨ ਅਤੇ ਦੇਸ਼ ਦੀ ਵਿਕਾਸ ਯਾਤਰਾ ਵਿੱਚ ਉਨ੍ਹਾਂ ਦੀ ਵੱਧ ਤੋਂ

ਵੱਧ ਭਾਗੀਦਾਰੀ ਯਕੀਨੀ ਬਣਾਉਣ 'ਤੇ ਸਰਕਾਰ ਦੇ ਨਿਰੰਤਰ ਯਤਨਾਂ ਨੂੰ ਦਰਸਾਉਂਦਾ ਹੈ।

---------------------------------------------------------

ਪ੍ਰਧਾਨ ਮੰਤਰੀ ਨਰੇਂਦਰ  ਮੋਦੀ ਅੱਜ ਨਵੀਂ ਦਿੱਲੀ ਵਿੱਚ "ਵਾਤਾਵਰਣ ਅਤੇ ਜਲਵਾਯੂ ਗਤੀਸ਼ੀਲਤਾ ਦਾ ਭਵਿੱਖ" ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਸੰਮੇਲਨ ਦਾ ਉਦਘਾਟਨ ਕਰਨਗੇ। ਇਹ 2 ਦਿਨਾਂ ਸੰਮੇਲਨ ਨੈਸ਼ਨਲ ਗ੍ਰੀਨ ਟ੍ਰਿਬਿਊਨਲ ਵੱਲੋਂ ਕਰਾਇਆ ਜਾ ਰਿਹਾ ਏ । ਇਸ ਸਮਾਗਮ ਵਿੱਚ ਵਾਤਾਵਰਣ ਮਾਹਿਰਾਂ ਅਤੇ ਸੁਪਰੀਮ ਕੋਰਟ, ਹਾਈ ਕੋਰਟਾਂ ਅਤੇ ਜ਼ਿਲ੍ਹਾ ਅਦਾਲਤਾਂ ਦੇ ਜੱਜ ਸ਼ਾਮਲ ਹੋਣਗੇ । ਵੱਖ-ਵੱਖ ਮੰਤਰਾਲਿਆਂ ਦੇ ਸਕੱਤਰ ਅਤੇ ਸੀਨੀਅਰ ਸਰਕਾਰੀ ਅਧਿਕਾਰੀ ਵੀ ਇਸ ਵਿਚ ਸ਼ਿਰਕਤ ਕਰਨਗੇ । ਕਾਨਫਰੰਸ ਵਿੱਚ ਰਾਜ ਨਿਆਂਇਕ ਅਕਾਦਮੀਆਂ, ਰਾਜ ਕਾਨੂੰਨੀ ਸੇਵਾਵਾਂ ਅਥਾਰਟੀਆਂ,  17 ਦੇਸ਼ਾਂ ਦੇ ਉਘੇ ਜੱਜ ਅਤੇ ਨਿਆਂਇਕ ਪ੍ਰਤੀਨਿਧੀ ਵੀ ਕਾਨਫਰੰਸ 'ਚ ਸ਼ਾਮਲ ਹੋ ਰਹੇ ਨੇ । ਇਹ ਕਾਨਫਰੰਸ ਨਿਆਂਇਕ ਦ੍ਰਿਸ਼ਟੀਕੋਣ, ਵਿਗਿਆਨਕ ਗਿਆਨ, ਵਾਤਾਵਰਣ ਸ਼ਾਸਨ ਪ੍ਰਕਿਰਿਆਵਾਂ ਅਤੇ ਸੰਸਥਾਗਤ ਤਜੁਰਬਿਆਂ ਦੇ ਆਦਾਨ-ਪ੍ਰਦਾਨ ਲਈ ਇੱਕ ਮੰਚ  ਪ੍ਰਦਾਨ ਕਰੇਗੀ। ਵਾਤਾਵਰਣ ਸ਼ਾਸਨ ਅਤੇ ਸੰਸਥਾਗਤ ਸਹਿਯੋਗ ਨੂੰ ਮਜ਼ਬੂਤ ਕਰਨ ਦੇ ਢੰਗ ਤਰੀਕਿਆਂ 'ਤੇ ਵੀ ਵਿਚਾਰ-ਵਟਾਂਦਰਾ ਕੀਤਾ ਜਾਵੇਗਾ।

---------------------------------------------------------

ਭਾਰਤ ਅਤੇ ਕੈਨੇਡਾ ਵਿਚਕਾਰ 'ਵਿਆਪਕ ਆਰਥਿਕ ਭਾਈਵਾਲੀ ਸਮਝੌਤੇ' (CEPA) ਬਾਰੇ ਗੱਲਬਾਤ ਨੂੰ ਤੇਜ਼ ਕਰਨ ਲਈ, ਵਣਜ ਅਤੇ ਉਦਯੋਗ ਮੰਤਰੀ ਪੀਯੂਸ਼ ਗੋਇਲ ਨੇ ਕੱਲ੍ਹ ਕੈਨੇਡਾ ਦੇ ਅੰਤਰਰਾਸ਼ਟਰੀ ਵਪਾਰ ਮੰਤਰੀ ਮਨਿੰਦਰ ਸਿੱਧੂ ਨਾਲ ਮੁਲਾਕਾਤ ਕੀਤੀ। ਦੋਵਾਂ ਧਿਰਾਂ ਨੇ ਗੱਲਬਾਤ ਵਿੱਚ ਤੇਜ਼ੀ ਲਿਆਉਣ ਅਤੇ ਸਮਝੌਤੇ ਨੂੰ ਛੇਤੀ ਤੋਂ ਛੇਤੀ ਅੰਤਿਮ ਰੂਪ ਦੇਣ ਲਈ ਆਪਣੀ ਵਚਨਬੱਧਤਾ ਦੁਹਰਾਈ। ਉਮੀਦ ਹੈ ਕਿ CEPA ਨਾਲ ਵਸਤਾਂ ਅਤੇ ਸੇਵਾਵਾਂ ਦੇ ਵਪਾਰ, ਨਿਵੇਸ਼ ਅਤੇ ਆਰਥਿਕ ਸਹਿਯੋਗ ਦੇ ਹੋਰ ਖੇਤਰਾਂ ਵਿੱਚ ਨਵੇਂ ਮੌਕੇ ਪੈਦਾ ਹੋਣਗੇ। ਸੋਸ਼ਲ ਮੀਡੀਆ 'ਤੇ ਇੱਕ ਪੋਸਟ ਵਿੱਚ, ਸ੍ਰੀ ਗੋਇਲ ਨੇ ਭਰੋਸਾ ਪ੍ਰਗਟਾਇਆ ਕਿ ਇਸ ਸਮਝੌਤੇ ਦੇ ਜਲਦੀ ਨੇਪਰੇ ਚੜ੍ਹਨ ਨਾਲ ਆਪਸੀ ਲਾਭ ਲਈ ਦੁਵੱਲੇ ਵਪਾਰ ਨੂੰ ਹੋਰ ਵਧਾਉਣ ਅਤੇ ਭਾਰਤ-ਕੈਨੇਡਾ ਆਰਥਿਕ ਭਾਈਵਾਲੀ ਨੂੰ ਮਜ਼ਬੂਤ ਕਰਨ ਦੇ ਸਾਂਝੇ ਟੀਚੇ ਨੂੰ ਸਾਕਾਰ ਕਰਨ ਵਿੱਚ ਮਦਦ ਮਿਲੇਗੀ।

---------------------------------------------------------------

ਸੁਪਰੀਮ ਕੋਰਟ ਨੇ ਅੱਜ ਕਿਹਾ ਕਿ ਉਹ ਰਾਸ਼ਟਰੀ ਪ੍ਰੀਖਿਆ ਏਜੰਸੀ (NTA) ਦੇ ਦਫ਼ਤਰ ਦਾ ਦੌਰਾ ਕਰਕੇ ਇਹ ਪਤਾ ਲੈ ਸਕਦੀ ਏ ਕਿ ਕੀ ਇਸ ਦੀ ਪ੍ਰੀਖਿਆ ਪ੍ਰਣਾਲੀ ਜ਼ਮੀਨੀ ਪੱਧਰ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਕੰਮ ਕਰ ਰਹੀ ਹੈ। ਅਦਾਲਤ ਨੇ ਜ਼ੋਰ ਦਿੱਤਾ ਕਿ ਸੰਸਥਾਗਤ ਸੁਧਾਰਾਂ ਲਈ ਕੀਤੀਆਂ ਗਈਆਂ ਸਿਫ਼ਾਰਸ਼ਾਂ ਨੂੰ ਲਾਗੂ ਕੀਤਾ ਜਾਣਾ ਚਾਹੀਦਾ ਹੈ ਅਤੇ ਉਨ੍ਹਾਂ ਨੂੰ ਸਿਰਫ਼ ਰਿਪੋਰਟਾਂ ਤੱਕ ਹੀ ਸੀਮਤ ਨਹੀਂ ਰੱਖਿਆ ਜਾਣਾ ਚਾਹੀਦਾ। ਜਸਟਿਸ ਪੀ.ਐਸ. ਨਰਸਿਮ੍ਹਾ ਅਤੇ ਆਲੋਕ ਅਰਾਧੇ ਦੇ ਬੈਂਚ ਨੇ NTA ਨੂੰ ਪੂਰੀ ਤਰ੍ਹਾਂ ਸੰਸਥਾਗਤ ਰੂਪ ਦੇਣ ਦੀ ਲੋੜ 'ਤੇ ਜ਼ੋਰ ਦਿੱਤਾ।

ਅਦਾਲਤ ਨੇ ਉੱਚ-ਪੱਧਰੀ ਟਾਸਕ ਫੋਰਸ ਨਾਲ ਤਾਲਮੇਲ ਕਰ ਰਹੇ ਸੰਯੁਕਤ ਸਕੱਤਰ , ਨੂੰ ਨਿਰਦੇਸ਼ ਦਿੱਤਾ ਕਿ ਉਹ ਤਜਵੀਜ਼ਸ਼ੁਦਾ ਸੁਧਾਰਾਂ ਨੂੰ ਲਾਗੂ ਕਰਨ ਵਿੱਚ ਹੋਈ ਪ੍ਰਗਤੀ ਬਾਰੇ ਵੇਰਵੇ ਦਿੰਦੇ ਹੋਏ ਇੱਕ ਹਲਫ਼ਨਾਮਾ ਦਾਇਰ ਕਰਨ। ਸੁਣਵਾਈ ਦੌਰਾਨ, ਕੇਂਦਰ ਸਰਕਾਰ ਵੱਲੋਂ ਪੇਸ਼ ਹੋਏ ਸਾਲਿਸਿਟਰ ਜਨਰਲ ਤੁਸ਼ਾਰ ਮਹਿਤਾ ਨੇ ਦੱਸਿਆ ਕਿ ਨੰਦਨ ਨੀਲੇਕਣੀ ਦੀ ਅਗਵਾਈ ਵਾਲੀ ਨਵੀਂ ਗਠਿਤ ਉੱਚ-ਪੱਧਰੀ ਟਾਸਕ ਫੋਰਸ ਨੇ ਸਾਬਕਾ ਇਸਰੋ (ISRO) ਚੇਅਰਮੈਨ ਕੇ. ਰਾਧਾਕ੍ਰਿਸ਼ਨਨ ਦੀ ਅਗਵਾਈ ਵਾਲੀ ਉੱਚ-ਪੱਧਰੀ ਮਾਹਰ ਕਮੇਟੀ ਨਾਲ ਵਿਆਪਕ ਵਿਚਾਰ-ਵਟਾਂਦਰਾ ਕੀਤਾ ਹੈ। ਸ਼੍ਰੀ ਮਹਿਤਾ ਨੇ ਹਲਫ਼ਨਾਮਾ ਦਾਇਰ ਕਰਨ ਲਈ ਸਤੰਬਰ ਦੇ ਅੰਤ ਤੱਕ ਦਾ ਸਮਾਂ ਮੰਗਿਆ। ਇਹ ਕਾਰਵਾਈ ਉਨ੍ਹਾਂ ਪਟੀਸ਼ਨਾਂ ਦਾ ਹਿੱਸਾ ਹੈ ਜਿਨ੍ਹਾਂ ਵਿੱਚ ਕਥਿਤ ਪੇਪਰ ਲੀਕ ਵਿਵਾਦ ਤੋਂ ਬਾਅਦ NEET-UG ਪ੍ਰੀਖਿਆ ਕਰਵਾਉਣ ਵਿੱਚ ਢਾਂਚਾਗਤ ਸੁਧਾਰਾਂ ਅਤੇ NTA ਦੇ ਕੰਮਕਾਜ ਵਿੱਚ ਸੁਧਾਰ ਦੀ ਮੰਗ ਕੀਤੀ ਗਈ ਹੈ।

--------------------------------------------------------

ਭਾਰਤ ਨੂੰ ਸਵੀਡਿਸ਼ ਚੈਂਬਰ ਓਫ 'ਬਿਜ਼ਨਸ ਕਲਾਈਮੇਟ ਸਰਵੇ 2026' ਵਿੱਚ 40 ਤੋਂ ਵੱਧ ਵਿਸ਼ਵ ਬਾਜ਼ਾਰਾਂ ਵਿੱਚ ਕਾਰੋਬਾਰ ਕਰਨ ਦੀ ਆਸਾਨੀ ਲਈ ਪਹਿਲਾ ਸਥਾਨ ਮਿਲਿਆ ਏ । ਵਣਜ ਅਤੇ ਉਦਯੋਗ ਮੰਤਰੀ ਪਿਊਸ਼ ਗੋਇਲ ਨੇ ਇੱਕ ਸੋਸ਼ਲ ਮੀਡੀਆ ਪੋਸਟ ਵਿੱਚ ਇਹ ਜਾਣਕਾਰੀ ਸਾਂਝੀ ਕੀਤੀ। ਉਨ੍ਹਾਂ ਕਿਹਾ ਕਿ ਵਿਸ਼ਵਵਿਆਪੀ ਅਸਥਿਰਤਾ ਦਰਮਿਆਨ , ਭਾਰਤ ਦਾ ਵਪਾਰਕ ਵਾਤਾਵਰਣ ਸਥਿਰਤਾ, ਵਿਕਾਸ ਅਤੇ ਕਾਰੋਬਾਰ ਕਰਨ ਵਿੱਚ ਆਸਾਨੀ ਲਈ ਨਵੇਂ ਮਾਪਦੰਡ ਸਥਾਪਤ

ਕਰ ਰਿਹਾ ਹੈ। 'ਗਲੋਬਲ ਬਿਜ਼ਨਸ ਇਹ ਸਰਵੇਖਣ ਵਿਦੇਸ਼ਾਂ ਵਿੱਚ ਕਾਰੋਬਾਰ ਕਰਨ ਸੰਬੰਧੀ SWEDEN ਦੀਆਂ ਕੰਪਨੀਆਂ ਦੇ ਤਜ਼ਰਬਿਆਂ ਅਤੇ ਦ੍ਰਿਸ਼ਟੀਕੋਣ ਨੂੰ ਉਜਾਗਰ ਕਰਦਾ ਹੈ।

---------------------------------------------------------

ਭਾਰਤੀ ਜਨਤਾ ਪਾਰਟੀ, ਪੰਜਾਬ ਨੇ ਅੱਜ ਸਰਹੱਦੀ ਜ਼ਿਲ੍ਹੇ ਪਠਾਨਕੋਟ ਤੋਂ ਸੂਬਾ-ਪੱਧਰੀ "ਨਸ਼ਾ ਮੁਕਤ ਪੰਜਾਬ ਯਾਤਰਾਵਾਂ" ਦੀ ਸ਼ੁਰੂਆਤ ਕੀਤੀ। ਪਾਰਟੀ ਦੇ ਰਾਸ਼ਟਰੀ ਪ੍ਰਧਾਨ ਨਿਤਿਨ ਨਬੀਨ ਨੇ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ ਅਤੇ ਪਾਰਟੀ ਦੇ ਹੋਰ ਨੇਤਾਵਾਂ ਨਾਲ, ਮਾਧੋਪੁਰ ਤੋਂ ਯਾਤਰਾ ਨੂੰ ਰਵਾਨਾ ਕੀਤਾ। ਇਸ ਮੌਕੇ ਇਕੱਠ ਨੂੰ ਸੰਬੋਧਨ ਕਰਦਿਆਂ, ਸ੍ਰੀ ਨਬੀਨ ਨੇ ਕਿਹਾ ਕਿ ਪੰਜਾਬ ਅਤੇ ਨਸ਼ਿਆਂ ਦੀ ਆਦਤ ਦੇ ਸ਼ਿਕਾਰ ਹੋ ਚੁੱਕੇ ਨੌਜਵਾਨਾਂ ਨੂੰ ਬਚਾਉਣ ਦਾ, ਇਹ ਬਿਲਕੁਲ ਸਹੀ ਸਮਾਂ ਏ। ਉਨ੍ਹਾਂ ਕਿਹਾ ਕਿ ਸੂਬਾ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁਧ' ਮੁਹਿੰਮ ਨਾਕਾਮ ਰਹੀ ਏ। ਬਾਅਦ ਵਿੱਚ ਮੀਡੀਆ ਨਾਲ ਗੱਲਬਾਤ ਕਰਦਿਆਂ, ਸ੍ਰੀ ਨਬੀਨ ਨੇ ਕਿਹਾ...

BYTE

13 ਦਿਨਾਂ ਦੀ ਇਹ ਯਾਤਰਾ, ਚਾਰ ਪੜਾਵਾਂ ਵਿੱਚ ਹੋਵੇਗੀ। ਨਸ਼ਿਆਂ ਵਿਰੁੱਧ ਲੜਾਈ ਨੂੰ ਇੱਕ ਵਿਸ਼ਾਲ ਲੋਕ ਲਹਿਰ ਵਿੱਚ ਬਦਲਣ ਲਈ, ਸੂਬੇ ਦੇ ਸਾਰੇ 117 ਵਿਧਾਨ ਸਭਾ ਹਲਕਿਆਂ ਵਿੱਚ ਲੋਕਾਂ ਨੂੰ ਲਾਮਬੰਦ ਕਰਦਿਆਂ, ਇਹ ਯਾਤਰਾ 4 ਹਜ਼ਾਰ ਕਿਲੋਮੀਟਰ ਦਾ ਸਫ਼ਰ ਤੈਅ ਕਰੇਗੀ। ਇਹ ਯਾਤਰਾ, 30 ਸਤੰਬਰ ਨੂੰ ਜਲੰਧਰ 'ਚ ਖਤਮ ਹੋਵੇਗੀ।

---

ਪੰਜਾਬ ਦੇ ਰਾਜਪਾਲ ਅਤੇ ਚੰਡੀਗੜ੍ਹ ਦੇ ਪ੍ਰਸ਼ਾਸਕ ਗੁਲਾਬ ਚੰਦ ਕਟਾਰੀਆ ਨੇ ਕੱਲ੍ਹ ਕੇਂਦਰ ਸ਼ਾਸਤ ਪ੍ਰਦੇਸ਼ ਚੰਡੀਗੜ੍ਹ ਵਿੱਚ 'ਭਾਰਤ ਟੈਕਸੀ' ਸੇਵਾ ਦੀ ਸ਼ੁਰੂਆਤ ਕੀਤੀ। ਇਸ ਮੌਕੇ ਸਹਿਕਾਰਤਾ ਅਤੇ ਸ਼ਹਿਰੀ ਹਵਾਬਾਜ਼ੀ ਬਾਰੇ ਕੇਂਦਰੀ ਰਾਜ ਮੰਤਰੀ ਮੁਰਲੀਧਰ ਮੋਹੋਲ ਅਤੇ ਕੇਂਦਰੀ ਸਹਿਕਾਰਤਾ ਰਾਜ ਮੰਤਰੀ ਕ੍ਰਿਸ਼ਨ ਪਾਲ ਗੁਰਜਰ ਵੀ ਮੌਜੂਦ ਸਨ। ਸਮਾਗਮ ਦੌਰਾਨ ਪੰਜ ਡਰਾਈਵਰ-ਮੈਂਬਰਾਂ ਨੂੰ ਸ਼ੇਅਰ ਸਰਟੀਫਿਕੇਟ ਵੰਡੇ ਗਏ। ਸ੍ਰੀ ਕਟਾਰੀਆ ਨੇ ਕਿਹਾ ਕਿ ਇਹ ਪਹਿਲਕਦਮੀ ਚੰਡੀਗੜ੍ਹ ਦੇ ਵਿਕਾਸ ਸਫ਼ਰ ਵਿੱਚ ਇੱਕ ਮਹੱਤਵਪੂਰਨ ਪੜਾਅ ਹੈ ਅਤੇ ਇਹ ਕਿਰਤ ਦੇ ਸਨਮਾਨ, ਸਹਿਕਾਰੀ ਮਾਲਕੀ, ਤਕਨੀਕੀ ਆਤਮ-ਨਿਰਭਰਤਾ ਅਤੇ ਸਮਾਵੇਸ਼ੀ ਵਿਕਾਸ ਨੂੰ ਉਤਸ਼ਾਹਿਤ ਕਰੇਗੀ। ਕੇਂਦਰੀ ਰਾਜ ਮੰਤਰੀ ਸ੍ਰੀ ਕ੍ਰਿਸ਼ਨ ਪਾਲ ਗੁਰਜਰ ਨੇ ਕਿਹਾ ਕਿ 'ਭਾਰਤ ਟੈਕਸੀ' ਡਰਾਈਵਰਾਂ ਨੂੰ ਪਲੇਟਫਾਰਮ ਵਿੱਚ ਸਰਗਰਮ ਭਾਗੀਦਾਰ ਬਣਾਏਗੀ। ਮੈਂਬਰਾਂ ਅਤੇ ਹਿੱਸੇਦਾਰਾਂ ਵਜੋਂ, ਡਰਾਈਵਰ ਵੀ ਲਾਭ ਵਿੱਚ ਹਿੱਸੇਦਾਰ ਬਣਨਗੇ। ਆਉਣ ਵਾਲੇ ਮਹੀਨਿਆਂ 'ਚ 'ਭਾਰਤ ਟੈਕਸੀ' ਪੰਜਾਬ ਦੇ ਹੋਰ ਸ਼ਹਿਰਾਂ—ਜਿਵੇਂ ਕਿ ਜਲੰਧਰ, ਲੁਧਿਆਣਾ ਅਤੇ ਅੰਮ੍ਰਿਤਸਰ —ਵਿੱਚ ਵੀ ਆਪਣੀਆਂ ਸੇਵਾਵਾਂ ਦਾ ਵਿਸਥਾਰ ਕਰਨ ਦੀ ਯੋਜਨਾ ਬਣਾ ਰਹੀ ਹੈ।

---

ਕੱਲ੍ਹ ਪਾਕਿਸਤਾਨ ਦੇ ਖੈਬਰ ਪਖਤੂਨਖਵਾ ਸੂਬੇ ਦੇ ਕੋਹਾਟ ਜ਼ਿਲ੍ਹੇ ਵਿੱਚ ਕੱਲ੍ਹ ਇੱਕ ਮਸਜਿਦ ਨੇੜੇ ਹੋਏ ਧਮਾਕੇ ਵਿੱਚ 15 ਪੁਲਿਸ ਮੁਲਾਜ਼ਮਾਂ ਸਮੇਤ 21 ਵਿਅਕਤੀਆਂ ਦੀ ਮੌਤ ਹੋ ਗਈ ਅਤੇ 100 ਤੋਂ ਵੱਧ ਹੋਰ ਜ਼ਖ਼ਮੀ ਹੋ ਗਏ। ਕੋਹਾਟ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਤਾਹਿਰ ਸ਼ਾਹ ਨੇ ਦੱਸਿਆ ਕਿ ਘੱਟੋ-ਘੱਟ 73 ਪੁਲਿਸ ਮੁਲਾਜ਼ਮ ਅਤੇ 30 ਆਮ ਨਾਗਰਿਕ ਜ਼ਖ਼ਮੀ ਹੋਏ ਨੇ । ਜੁਮੇ ਦੀ ਨਮਾਜ਼ ਦੌਰਾਨ ਹੋਏ ਇਸ ਧਮਾਕੇ ਕਾਰਨ ਮਸਜਿਦ ਨੇੜੇ ਇੱਕ ਵੱਡਾ ਟੋਆ ਬਣਿਆ । ਅਣਪਛਾਤੇ ਹਮਲਾਵਰਾਂ ਨੇ ਫਰਾਰ ਹੋਣ ਤੋਂ ਪਹਿਲਾਂ ਪੁਲਿਸ ਚੌਕੀ ਨੂੰ ਨਿਸ਼ਾਨਾ ਬਣਾਇਆ। ਪੁਲਿਸ ਨੇ ਦੱਸਿਆ ਕਿ ਹੁਣ ਤੱਕ ਛੇ ਦਹਿਸ਼ਤਗਰਦ ਮਾਰੇ ਜਾ ਚੁੱਕੇ ਨੇ । ਇਸ ਹਮਲੇ ਦੀ ਜਿੰਮੇਵਾਰੀ 'ਇੱਤਹਾਦ-ਉਲ-ਮੁਜਾਹਿਦੀਨ ਪਾਕਿਸਤਾਨ' ਨਾਮਕ ਦਹਿਸ਼ਤਗਰਦ ਧੜੇ ਨੇ ਲਈ ਏ | ਪਾਕਿਸਤਾਨ ਦੇ ਰਾਸ਼ਟਰਪਤੀ ਆਸਿਫ ਅਲੀ ਜ਼ਰਦਾਰੀ ਅਤੇ ਪ੍ਰਧਾਨ ਮੰਤਰੀ ਸ਼ਾਹਬਾਜ਼ ਸ਼ਰੀਫ ਨੇ ਇਸ ਘਟਨਾ ਦੀ ਨਿੰਦਾ ਕੀਤੀ ਹੈ।

---------------------------------------------------------

ਵਿਦੇਸ਼ੀ ਚੰਦਾ ਨੇਮਬਧ ਸੋਧ ਬਿੱਲ, 2026 ਲਈ ਗਠਿਤ ਸਾਂਝੀ ਸੰਸਦੀ ਕਮੇਟੀ JPC ਦੀ ਪਹਿਲੀ ਮੀਟਿੰਗ ਕੱਲ੍ਹ ਨਵੀਂ ਦਿੱਲੀ ਵਿੱਚ ਹੋਈ। ਲੋਕ ਸਭਾ ਦੇ ਸੰਸਦ ਮੈਂਬਰ ਸੰਜੇ ਜੈਸਵਾਲ ਦੀ ਪ੍ਰਧਾਨਗੀ ਹੇਠ ਹੋਈ ਇਸ ਮੀਟਿੰਗ ਦੌਰਾਨ, ਗ੍ਰਹਿ ਮੰਤਰਾਲੇ ਦੇ ਅਧਿਕਾਰੀਆਂ ਨੇ ਕਮੇਟੀ ਮੈਂਬਰਾਂ ਨੂੰ ਬਿੱਲ ਦੀਆਂ ਤਜਵੀਜ਼ਾਂ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਤੋਂ ਬਾਅਦ, ਕਮੇਟੀ ਦੇ ਚੇਅਰਮੈਨ ਸੰਜੇ ਜੈਸਵਾਲ ਨੇ ਦੱਸਿਆ ਕਿ ਕਾਰਵਾਈ ਸੁਖਾਵੇਂ ਮਾਹੌਲ ਵਿੱਚ ਹੋਈ ਅਤੇ ਮੈਂਬਰਾਂ ਨੇ ਕਈ ਸਵਾਲ ਉਠਾਏ। ਇਸ

ਕਮੇਟੀ ਵਿੱਚ ਲੋਕ ਸਭਾ ਦੇ 21 ਅਤੇ ਰਾਜ ਸਭਾ ਦੇ 10 ਮੈਂਬਰ ਸ਼ਾਮਲਨੇ । ਸੰਸਦ ਦੇ ਦੋਵਾਂ ਸਦਨਾਂ ਨੇ ਪਿਛਲੇ ਮਹੀਨੇ 12 ਅਗਸਤ ਨੂੰ ਵਿਦੇਸ਼ੀ ਚੰਦਾ ਨੇਮਬਧ ਸੋਧ ਬਿੱਲ, 2026 ਨੂੰ ਹੋਰ ਜਾਂਚ-ਪੜਤਾਲ ਲਈ ਸੰਯੁਕਤ ਸੰਸਦੀ ਕਮੇਟੀ ਕੋਲ ਭੇਜਣ ਦੀ ਮਨਜ਼ੂਰੀ ਦਿੱਤੀ ਸੀ। ਇਸ ਸੋਧ ਬਿੱਲ ਦਾ ਉਦੇਸ਼ ਵਿਦੇਸ਼ੀ ਚੰਦੇ ਦੀ ਵਰਤੋਂ ਨੂੰ ਵਧੇਰੇ ਪਾਰਦਰਸ਼ੀ ਅਤੇ ਜਵਾਬਦੇਹ ਬਣਾਉਣਾ ਹੈ।

---

ਜਾਪਾਨ ਦੇ ਆਈਚੀ-ਨਾਗੋਯਾ ਵਿਖੇ 20ਵੀਆਂ ਏਸ਼ੀਆਈ ਖੇਡਾਂ ਦਾ ਸ਼ਾਨਦਾਰ ਉਦਘਾਟਨੀ ਸਮਾਰੋਹ ਭਾਰਤੀ ਸਮੇਂ ਅਨੁਸਾਰ ਅੱਜ ਦੁਪਹਿਰ 2:30 ਵਜੇ ਪਾਲੋਮਾ ਮਿਜ਼ੂਹੋ ਸਟੇਡੀਅਮ ਵਿੱਚ ਹੋਵੇਗਾ। ਉਦਘਾਟਨੀ ਸਮਾਰੋਹ ਵਿੱਚ ਦੋ ਵਾਰ ਦੀ ਓਲੰਪਿਕ ਤਮਗਾ ਜੇਤੂ ਮਨੂ ਭਾਕਰ ਅਤੇ ਸ਼ਾਟ ਪੁੱਟ ਖਿਡਾਰੀ ਤਜਿੰਦਰਪਾਲ ਸਿੰਘ ਤੂਰ ਭਾਰਤ ਦੇ ਝੰਡਾ-ਬਰਦਾਰ ਹੋਣਗੇ । ਏਸ਼ੀਆਈ ਖੇਡਾਂ ਅੱਜ ਤੋਂ 4 ਅਕਤੂਬਰ ਤੱਕ ਚੱਲਣਗੀਆਂ। ਭਾਰਤ ਦੇ 500 ਤੋਂ ਵੱਧ ਖਿਡਾਰੀ 37 ਖੇਡਾਂ ਹਿੱਸਾ ਲੈਣਗੇ। ਜਾਪਾਨ ਤੀਜੀ ਵਾਰ ਏਸ਼ੀਆਈ ਖੇਡਾਂ ਦੀ ਮੇਜ਼ਬਾਨੀ ਕਰ ਰਿਹਾ ਹੈ; ਇਸ ਤੋਂ ਪਹਿਲਾਂ ਟੋਕੀਓ ਨੇ 1958 ਵਿੱਚ ਅਤੇ ਹੀਰੋਸ਼ੀਮਾ ਨੇ 1994 ਵਿੱਚ ਇਨ੍ਹਾਂ ਖੇਡਾਂ ਦੀ ਮੇਜ਼ਬਾਨੀ ਕੀਤੀ ਸੀ।

---

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਅੱਜ 20ਵੇਂ 'ਰੋਜ਼ਗਾਰ ਮੇਲੇ' 'ਚ ਵੀਡੀਓ ਕਾਨਫਰੰਸਿੰਗ ਰਾਹੀਂ 51,000 ਨੌਜਵਾਨਾਂ ਨੂੰ ਨਿਯੁਕਤੀ ਪੱਤਰ ਸੌਂਪਣਗੇ।

- ਸ਼੍ਰੀ ਮੋਦੀ  ਅੱਜ ਨਵੀਂ ਦਿੱਲੀ ਵਿੱਚ "ਵਾਤਾਵਰਣ ਅਤੇ ਜਲਵਾਯੂ ਗਤੀਸ਼ੀਲਤਾ ਦਾ ਭਵਿੱਖ" ਵਿਸ਼ੇ 'ਤੇ ਇੱਕ ਅੰਤਰਰਾਸ਼ਟਰੀ ਸੰਮੇਲਨ ਦਾ ਉਦਘਾਟਨ ਕਰਨਗੇ।

- ਭਾਰਤ ਅਤੇ ਕੈਨੇਡਾ ਨੇ  'ਵਿਆਪਕ ਆਰਥਿਕ ਭਾਈਵਾਲੀ ਸਮਝੌਤੇ'  ਨੂੰ ਛੇਤੀ ਤੋਂ ਛੇਤੀ ਅੰਤਿਮ ਰੂਪ ਦੇਣ ਲਈ  ਆਪਣੀ ਵਚਨਬੱਧਤਾ ਦੋਹਰਾਈ ਏ |

- ਸਵੀਡਿਸ਼ ਚੈਂਬਰ ਆਫ BUSINESS ਦੇ SURVEY ਵਿੱਚ ਭਾਰਤ ਨੂੰ 40 ਤੋਂ ਵੱਧ ਵਿਸ਼ਵ ਬਾਜ਼ਾਰਾਂ ਵਿੱਚ ਕਾਰੋਬਾਰ ਕਰਨ ਦੀ ਆਸਾਨੀ ਲਈ ਪਹਿਲਾ ਸਥਾਨ ਮਿਲਿਆ ਏ |

- 20ਵੀਂ ਏਸ਼ੀਆਈ ਖੇਡਾਂ ਅੱਜ ਤੋਂ ਜਪਾਨ ਦੇ ਆਈਚੀ-ਨਾਗੋਯਾ ਵਿੱਚ ਸ਼ੁਰੂ ਹੋ ਰਹੀਆਂ  ਨੇ |

---------------------------------------------------

ਇਸ ਦੇ ਨਾਲ ਹੀ ਰਾਸ਼ਟਰੀ ਖਬਰਾਂ ਦਾ ਇਹ ਬੁਲੇਟਿਨ ਖਤਮ ਹੁੰਦਾ ਏ। ਸਾਡਾ ਅਗਲਾ ਪ੍ਰਾਦੇਸ਼ਿਕ ਖਬਰਾਂ ਦਾ ਬੁਲੇਟਿਨ ਦੁਪਹਿਰ ਬਾਅਦ 1 ਵਜ ਕੇ 10 ਮਿੰਟ 'ਤੇ ਹੋਏਗਾ। ਨਮਸਕਾਰ!